**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 05-03-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰੋਜ਼ਗਾਰ ਸਿਰਜਣ 'ਤੇ ਬਜਟ ਤੋਂ ਬਾਅਦ ਦੇ ਵੈਬੀਨਾਰ ਨੂੰ ਸੰਬੋਧਨ ਕੀਤਾ। ਓਹਨਾਂ ਕਿਹਾ ਕਿ ਸਰਕਾਰ ਨੇ ਲੋਕਾਂ, ਆਰਥਿਕਤਾ ਅਤੇ ਨਵੀਆਂ ਕਾਢਾਂ ਦੇ ਨਾਲ-ਨਾਲ ਬੁਨਿਆਦੀ ਢਾਂਚੇ ਅਤੇ ਨਿਵੇਸ਼ ਨੂੰ ਬਰਾਬਰ ਤਰਜੀਹ ਦਿੱਤੀ ਏ।
- ਸਰਕਾਰ ਨੇ ਔਰਤਾਂ ਦੀ ਹਿੱਸੇਦਾਰੀ ਵਧਾਉਣ ਦੇ ਉਦੇਸ਼ ਨਾਲ ਔਰਤਾਂ ਪ੍ਰਤੀ ਸੁਖਾਵੀ ਗ੍ਰਾਮ ਪੰਚਾਇਤ ਪਹਿਲਕਦਮੀ ਸ਼ੁਰੂ ਕੀਤੀ ਏ।
- ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਕਿਹਾ ਕਿ ਸੂਬਾ ਸਰਕਾਰ ਨੇ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ

ਆਸ਼ਰਿਤਾਂ ਦੀ ਭਲਾਈ ਯਕੀਨੀ ਬਣਾਉਣ ਲਈ ਸੈਨਿਕ- ਪੱਖੀ ਕਈ ਪਹਿਲਕਦਮੀਆਂ ਕੀਤੀਆਂ ਨੇ।

- ਪੰਜਾਬ ਪੁਲਿਸ ਨੇ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਨਸ਼ਾ ਤਸਕਰ ਕੋਲੋਂ 23 ਕਿਲੋ ਹੈਰੋਇਨ ਬਰਾਮਦ ਕੀਤੀ।
- ਆਈਸੀਸੀ ਚੈਂਪੀਅਨਜ਼ ਟਰਾਫੀ ਕ੍ਰਿਕਟ ਦੇ ਦੂਜੇ ਸੈਮੀਫਾਈਨਲ ਵਿੱਚ, ਨਿਊਜ਼ੀਲੈਂਡ ਤੇ ਦੱਖਣੀ ਅਫਰੀਕਾ ਦਰਮਿਆਨ ਦੂਜਾ ਸੇਮੀਫਾਇਨਲ ਜਾਰੀ ਏ।

---------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਸਰਕਾਰ ਨੇ ਨਿਵੇਸ਼ ਵਿੱਚ ਬੁਨਿਆਦੀ ਢਾਂਚੇ ਅਤੇ ਉਦਯੋਗਾਂ ਨੂੰ ਜਿੰਨੀ ਤਰਜੀਹ ਦਿੱਤੀ ਏ , ਓਨੀ ਹੀ ਤਰਜੀਹ ਲੋਕਾਂ, ਅਰਥਵਿਵਸਥਾ ਅਤੇ ਨਵੀਨਤਾ ਨੂੰ ਦਿੱਤੀ ਏ। ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਰੁਜ਼ਗਾਰ 'ਤੇ ਬਜਟ ਤੋਂ ਬਾਅਦ ਦੇ ਵੈਬਿਨਾਰ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ, ਲੋਕਾਂ ਵਿੱਚ ਨਿਵੇਸ਼ ਦਾ ਦ੍ਰਿਸ਼ਟੀਕੋਣ ਤਿੰਨ ਥੰਮ੍ਹਾਂ- ਸਿੱਖਿਆ, ਹੁਨਰ ਅਤੇ ਸਿਹਤ ਸੰਭਾਲ 'ਤੇ ਖੜ੍ਹਾ ਏ। ਉਨ੍ਹਾਂ ਕਿਹਾ, ਅੱਜ ਲੋਕ ਦੇਖ ਸਕਦੇ ਨੇ ਕਿ ਕਿਵੇਂ

ਭਾਰਤ ਦੀ ਸਿੱਖਿਆ ਪ੍ਰਣਾਲੀ ਕਈ ਦਹਾਕਿਆਂ ਬਾਅਦ ਇੱਕ ਵੱਡੇ ਬਦਲਾਅ ਵਿੱਚੋਂ ਗੁਜ਼ਰ ਰਹੀ ਏ । ਸ਼੍ਰੀ ਮੋਦੀ ਨੇ ਕਿਹਾ, ਵੈਬਿਨਾਰ ਦੇ ਥੀਮ "ਲੋਕਾਂ, ਅਰਥਵਿਵਸਥਾ ਅਤੇ ਨਵੀਨਤਾ ਵਿੱਚ ਨਿਵੇਸ਼" ਵਿਕਸਿਤ ਭਾਰਤ ਦੇ ਰੋਡਮੈਪ ਨੂੰ ਪਰਿਭਾਸ਼ਿਤ ਕਰਦੇ ਨੇ । ਉਨ੍ਹਾਂ ਕਿਹਾ, ਇਸ ਬਜਟ ਵਿੱਚ ਘਰੇਲੂ ਅਤੇ ਅੰਤਰਰਾਸ਼ਟਰੀ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਲਈ ਕਈ ਫੈਸਲੇ ਲਏ ਗਏ ਨੇ । ਮੋਦੀ ਨੇ ਕਿਹਾ, ਭਾਰਤ ਏ .ਆਈ. ਸਮਰੱਥਾਵਾਂ ਨੂੰ ਵਿਕਸਤ ਕਰਨ ਲਈ ਰਾਸ਼ਟਰੀ ਵੱਡੀ ਭਾਸ਼ਾ ਮਾਡਲ ਸਥਾਪਤ ਕਰੇਗਾ। ਉਨ੍ਹਾਂ ਕਿਹਾ, ਇਸ ਦਿਸ਼ਾ ਵਿੱਚ, ਨਿੱਜੀ ਖੇਤਰ ਨੂੰ ਵੀ ਦੁਨੀਆ ਤੋਂ ਇੱਕ ਕਦਮ ਅੱਗੇ ਹੋਣ ਦੀ ਲੋੜ ਏ । ਪ੍ਰਧਾਨ ਮੰਤਰੀ ਨੇ ਕਿਹਾ, ਦੁਨੀਆ ਇੱਕ ਭਰੋਸੇਮੰਦ, ਸੁਰੱਖਿਅਤ ਅਤੇ ਲੋਕਤੰਤਰੀ ਦੇਸ਼ ਦੀ ਉਡੀਕ ਕਰ ਰਹੀ ਏ ਜੋ ਏਆਈ ਵਿੱਚ ਆਰਥਿਕ ਹੱਲ ਪ੍ਰਦਾਨ ਕਰ ਸਕੇ। ਉਨ੍ਹਾਂ ਕਿਹਾ, ਸਰਕਾਰ ਨੇ ਇਸ ਬਜਟ ਵਿੱਚ ਸਟਾਰਟਅੱਪਸ ਨੂੰ ਉਤਸ਼ਾਹਿਤ ਕਰਨ ਲਈ ਕਈ ਕਦਮ ਚੁੱਕੇ ਨੇ । ਰੁਜ਼ਗਾਰ ਸਿਰਜਣ ਸਰਕਾਰ ਦੇ ਮੁੱਖ ਫੋਕਸ ਖੇਤਰਾਂ ਵਿੱਚੋਂ ਇੱਕ ਰਿਹਾ ਏ । ਪ੍ਰਧਾਨ ਮੰਤਰੀ ਦੇ ਵਿਜ਼ਨ ਤੋਂ ਪ੍ਰੇਰਿਤ, ਸਰਕਾਰ ਨੇ ਨੌਕਰੀਆਂ ਦੇ ਵਾਧੇ ਨੂੰ ਉਤਸ਼ਾਹਿਤ

ਕਰਨ ਅਤੇ ਰੁਜ਼ਗਾਰ ਦੇ ਵੱਡੇ ਮੌਕੇ ਪੈਦਾ ਕਰਨ ਲਈ ਕਈ ਕਦਮ ਚੁੱਕੇ ਨੇ । ਵਿਚਾਰ-ਵਟਾਂਦਰੇ ਦਾ ਉਦੇਸ਼ ਟਿਕਾਊ ਅਤੇ ਸਮਾਵੇਸ਼ੀ ਵਿਕਾਸ, ਤਕਨਾਲੋਜੀ ਅਤੇ ਹੋਰ ਖੇਤਰਾਂ ਵਿੱਚ ਲੀਡਰਸ਼ਿਪ, ਅਤੇ 2047 ਤੱਕ ਵਿਕਾਸ ਭਾਰਤ ਦੇ ਟੀਚੇ ਨੂੰ ਸਾਕਾਰ ਕਰਨ ਲਈ ਕੰਮ ਕਰਨ ਵਾਲੇ ਇੱਕ ਹੁਨਰਮੰਦ, ਸਿਹਤਮੰਦ ਕਾਰਜਬਲ ਲਈ ਰਾਹ ਪੱਧਰਾ ਕਰਨਾ ਏ।

----------------------------------------------------------------

ਪੰਚਾਇਤੀ ਰਾਜ ਮੰਤਰੀ ਪ੍ਰੋ. ਐਸ. ਪੀ. ਸਿੰਘ ਬਘੇਲ ਅਤੇ ਸਿਹਤ ਅਤੇ ਪਰਿਵਾਰ ਭਲਾਈ ਰਾਜ ਮੰਤਰੀ ਅਨੁਪ੍ਰਿਆ ਪਟੇਲ ਨੇ ਅੱਜ ਨਵੀਂ ਦਿੱਲੀ ਵਿੱਚ, ਇੱਕ ਰਾਸ਼ਟਰੀ ਸੰਮੇਲਨ ਵਿੱਚ ਪੰਚਾਇਤੀ ਰਾਜ ਮੰਤਰਾਲੇ ਦੀ ਔਰਤਾਂ ਲਈ ਸੁਖਾਵੀਂ ਆਦਰਸ਼ ਗ੍ਰਾਮ ਪੰਚਾਇਤ ਪਹਿਲਕਦਮੀ ਦੀ ਸ਼ੁਰੂਆਤ ਕੀਤੀ। ਇਹ ਪਹਿਲਕਦਮੀ ਮੰਤਰਾਲੇ ਦੇ ਅੰਤਰਰਾਸ਼ਟਰੀ ਮਹਿਲਾ ਦਿਵਸ - 2025 ਦੇ ਜਸ਼ਨਾਂ ਦਾ ਇੱਕ ਹਿੱਸਾ ਏ । ਇਸ ਪਹਿਲਕਦਮੀ ਦਾ ਮੁੱਖ ਉਦੇਸ਼ , ਹਰੇਕ ਜ਼ਿਲ੍ਹੇ ਵਿੱਚ ਔਰਤਾਂ ਲਈ ਸੁਖਾਵੀਂ ਘੱਟੋ-ਘੱਟ ਇੱਕ ਆਦਰਸ਼ ਗ੍ਰਾਮ ਪੰਚਾਇਤ ਸਥਾਪਤ ਕਰਨਾ ਏ । ਇਹ ਲਿੰਗ-ਸੰਵੇਦਨਸ਼ੀਲ ਅਤੇ ਲੜਕੀ-ਅਨੁਕੂਲ ਸ਼ਾਸਨ ਅਭਿਆਸਾਂ

ਲਈ ਇੱਕ ਚਾਨਣ ਮੁਨਾਰੇ  ਵਜੋਂ ਕੰਮ ਕਰੇਗਾ। ਵੱਖ-ਵੱਖ ਮੰਤਰਾਲਿਆਂ, ਵਿਭਾਗਾਂ ਅਤੇ ਸੰਯੁਕਤ ਰਾਸ਼ਟਰ ਆਬਾਦੀ ਫੰਡ ਵਰਗੇ ਅੰਤਰਰਾਸ਼ਟਰੀ ਸੰਗਠਨਾਂ ਦੇ ਪ੍ਰਤੀਨਿਧੀ ਦਿਨ ਭਰ ਦੇ ਸਮਾਗਮ ਵਿੱਚ ਹਿੱਸਾ ਲੈ ਰਹੇ ਨੇ।

-----------------------------------------------------------

ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਦੀ ਭਲਾਈ ਲਈ ਯਕੀਨੀ ਬਣਾਉਣ ਲਈ ਕਈ ਸੈਨਿਕ- ਪੱਖੀ ਪਹਿਲਕਦਮੀਆਂ ਕੀਤੀਆਂ ਨੇ .. ਜਲੰਧਰ ਦੇ  ਜ਼ਿਲਾ ਸੈਨਿਕ ਭਲਾਈ ਦਫ਼ਤਰ ਵਿਖੇ 5 ਸਾਬਕਾ ਸੈਨਿਕਾਂ (ਨਾਨ-ਪੈਨਸ਼ਨਰ) ਨੂੰ 10-10 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਦੇ ਚੈਕ ਵੰਡਦਿਆਂ  ਉਹਨਾਂ ਕਿਹਾ ਕਿ ਪੰਜਾਬ ਸਰਕਾਰ ਸਾਬਕਾ ਸੈਨਿਕਾਂ ਦੀ ਭਲਾਈ ਲਈ ਦ੍ਰਿੜ ਸੰਕਲਪ ਏ ।ਸ਼੍ਰੀ ਭਗਤ ਨੇ ਕਿਹਾ ਕਿ ਸੂਬਾ  ਸਰਕਾਰ ਵੱਲੋਂ ਸ਼ਹੀਦ ਜਵਾਨਾਂ ਦੇ ਵਾਰਿਸਾਂ ਲਈ ਐਕਸਗ੍ਰੇਸ਼ੀਆ ਰਾਸ਼ੀ ਵਧਾ ਕੇ 1 ਕਰੋੜ ਰੁਪਏ ਕੀਤੀ ਗਈ ਏ । ਸੈਨਿਕਾਂ ਵਾਸਤੇ ਭਲਾਈ ਸਕੀਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ

ਕਰਨ ਨੂੰ ਯਕੀਨੀ ਬਣਾਇਆ ਗਿਆ ਏ । ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵਲੋਂ ਜ਼ਿਲ੍ਹਾ ਸੈਨਿਕ ਭਲਾਈ ਦਫ਼ਤਰ ਜਲੰਧਰ ਵਿਖੇ ਫੀਲਡ ਦਫ਼ਤਰ ਦੀ ਸ਼ੁਰੂਆਤ ਵੀ ਕੀਤੀ ਗਈ ਏ , ਜਿਥੇ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਸਰਕਾਰ, ਖਾਸ ਕਰਕੇ ਰੱਖਿਆ ਭਲਾਈ ਵਿਭਾਗ ਨਾਲ ਸਬੰਧਿਤ ਮੁੱਦਿਆਂ ਵਿੱਚ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।

---------------------------------------------------------------

ਸੀ.ਆਈ.ਏ. ਸਟਾਫ ਅੰਮ੍ਰਿਤਸਰ ਦਿਹਾਤੀ ਨੇ ਇੱਕ ਵੱਡੀ ਸਫਲਤਾ ਹਾਸਲ ਕਰਦੇ ਹੋਏ ਯੂ.ਐੱਸ.ਏ. ਬੈਠੇ ਡਰੱਗ ਸਮੱਗਲਰ ਜਸਮੀਤ ਸਿੰਘ ਉਰਫ ਲੱਕੀ ਦੇ ਸਾਥੀ ਨੂੰ 23 ਕਿਲੋ ਹੈਰੋਇਨ ਦੀ ਖੇਪ ਨੂੰ ਬ੍ਰਾਮਦ ਕਰਕੇ ਨਸ਼ਾ ਤਸਕਰੀ ਦੇ ਇੱਕ ਵੱਡੇ ਨੈਟਵਰਕ ਨੂੰ ਵੱਡਾ ਝਟਕਾ ਦਿੱਤਾ ਏ । ਸੀ.ਆਈ.ਏ ਸਟਾਫ, ਅੰਮ੍ਰਿਤਸਰ ਦਿਹਾਤੀ ਨੂੰ ਸੂਚਨਾ ਮਿਲੀ ਕਿ ਸਾਹਿਲਪ੍ਰੀਤ ਸਿੰਘ ਉਰਫ ਕਰਨ ਜੋ ਕਿ ਦੇਵੀ ਦਾਸਪੁਰਾ ਦਾ ਰਹਿਣ ਵਾਲਾ ਏ , ਸਰਹੱਦ ਪਾਰੋਂ ਮੰਗਵਾਈਆਂ ਹੈਰੋਇੰਨ ਦੀਆ ਖੇਪਾਂ ਨੂੰ ਹੈਂਡਲ ਕਰਦਾ ਏ ਅਤੇ ਅਗਾਂਹ ਦੂਜੇ ਸਮੱਗਲਰਾਂ ਨੂੰ ਸਪਲਾਈ ਕਰਦਾ ਏ । ਜਦੋਂ ਸੀ .ਆਈ.ਏ. ਸਟਾਫ ਵੱਲੋਂ ਉਸਦੇ ਘਰ ਛਾਪਾ ਮੇਰਾ ਗਿਆ ਤਾਂ ੨੩

ਕਿਲੋ ਹੈਰੋਇਨ ਬਰਾਮਦ ਹੋਈ .. ਇਸ ਸਬੰਧੀ ਥਾਣਾ ਜੰਡਿਆਲਾ ਵਿਖੇ NDPS ACT ਤਹਿਤ ਮੁਕੱਦਮਾ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਏ । ਪੁਲਿਸ ਅਨੁਸਾਰ ਇੱਸ ਮਾਮਲੇ ਵਿਚ ਸਾਹਿਲਪ੍ਰੀਤ ਸਿੰਘ ਅਤੇ ਉਸ ਨਾਲ ਜੁੜੇ ਹੋਰ ਦੋਸ਼ੀਆ ਦੀ ਭਾਲ ਲਈ ਵੱਖ-ਵੱਖ ਟੀਮਾਂ ਵੱਲੋ ਛਾਪੇਮਾਰੀ ਕੀਤੀ ਜਾ ਰਹੀ ਏ

---------------------------------------------------------------------

ਗੋਵਿੰਦ ਘਾਟ ਤੋਂ ਹੇਮਕੁੰਟ ਸਾਹਿਬ ਅਤੇ ਫੁੱਲਾਂ ਦੀ ਘਾਟੀ ਨੂੰ ਜੋੜਨ ਵਾਲਾ ਪੁਲ, ਪਹਾੜੀ ਤੋਂ ਚੱਟਾਨ ਟੁੱਟਣ ਕਾਰਨ ਨੁਕਸਾਨਿਆ ਗਿਆ ਏ । ਬੁੱਧਵਾਰ ਨੂੰ ਕਰੀਬ 10 ਵਜੇ ਗੋਵਿੰਦਘਾਟ ਪੁਲਨਾ ਰੋਡ 'ਤੇ ਬਣਿਆ ਮੋਟਰ ਪੁਲ, ਚੱਟਾਨ ਟੁੱਟਣ ਕਾਰਨ ਨੁਕਸਾਨਿਆ ਗਿਆ,ਜਿਸ ਕਾਰਨ ਹੇਮਕੁੰਟ ਸਾਹਿਬ, ਫੁੱਲਾਂ ਦੀ ਵਾਦੀ ਦੇ ਨਾਲ-ਨਾਲ ਪੁਲਾਨਾ ਅਤੇ ਭੁਧਾਰ ਦਾ ਸੰਪਰਕ ਮੁੱਖ ਮਾਰਗ ਤੋਂ ਪੂਰੀ ਤਰ੍ਹਾਂ ਕੱਟਿਆ ਗਿਆ ਏ । ਇਸ ਦੇ ਨਾਲ ਹੀ ਅਲਕਨੰਦਾ ਨਦੀ ਨੇੜੇ ਦਰਜਨਾਂ ਵਾਹਨ ਫਸੇ ਹੋਏ ਨੇ.ਜ਼ਿਲ੍ਹਾ ਮੈਜਿਸਟਰੇਟ ਸੰਦੀਪ ਤਿਵਾੜੀ ਨੇ ਦੱਸਿਆ ਕਿ ਗੋਵਿੰਦਘਾਟ ਵਿੱਚ ਵਾਪਰੀ ਘਟਨਾ ਤੋਂ ਬਾਅਦ ਐਸਡੀਆਰਐਫ, ਤਹਿਸੀਲ

ਪ੍ਰਸ਼ਾਸਨ, ਸਿਹਤ ਵਿਭਾਗ, ਲੋਕ ਨਿਰਮਾਣ ਵਿਭਾਗ ਦੇ ਨਾਲ-ਨਾਲ ਹੋਰ ਸਾਰੇ ਵਿਭਾਗਾਂ ਦੀਆਂ ਟੀਮਾਂ ਮੌਕੇ ’ਤੇ ਪਹੁੰਚ ਗਈਆਂ ਨੇ. ਪੁਲਨਾ ਪਿੰਡ ਵਿੱਚ ਰਹਿਣ ਵਾਲੇ ਲੋਕਾਂ ਨੂੰ ਜ਼ਰੂਰੀ ਵਸਤਾਂ ਅਤੇ ਹੋਰ ਸਹੂਲਤਾਂ ਮੁਹੱਈਆ ਕਰਵਾਉਣਾ ਪ੍ਰਸ਼ਾਸਨ ਦੀ ਤਰਜੀਹ ਏ । ਸ਼੍ਰੀ ਤਿਵਾੜੀ ਨੇ ਦਸਿਆ ਕਿ ਸ਼੍ਰੀ ਹੇਮਕੁੰਡ ਸਾਹਿਬ ਦੀ ਯਾਤਰਾ ਸ਼ੁਰੂ ਹੋਣ ਤੋਂ ਪਹਿਲਾਂ ਪੁਲ ਦੀ ਮੁਰੰਮਤ ਕਰ ਦਿੱਤੀ ਜਾਏਗੀ-

**BYTE - ਤਿਵਾਰੀ -**

------------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਵੱਲੋਂ ਲੁਧਿਆਨਾ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ ਰਾਸ਼ਨ ਡਿਪੂਆਂ ਦਾ ਅਚਨਚੇਤ ਨਿਰੀਖਣ ਕੀਤਾ ਗਿਆ । ਇਸ ਦਾ ਮੰਤਵ ਡਿਪੂਆਂ ਰਾਹੀਂ ਰਾਸ਼ਨ ਦੀ ਵੰਡ ਦੀ ਸਮੀਖਿਆ ਕਰਨਾ ਸੀ। ਉਹਨਾਂ ਦੱਸਿਆ ਕਿ ਸਾਰੇ ਸਰਕਾਰੀ ਰਾਸ਼ਨ ਡਿਪੂਆਂ ਵਿੱਚ ਬਾਇਓਮੀਟ੍ਰਿਕ ਮਸ਼ੀਨਾਂ ਅਤੇ ਇਲੈਕਟ੍ਰਾਨਿਕ ਕੰਡਿਆਂ ਦੀ ਸ਼ੁਰੂਆਤ ਨਾਲ ਰਾਸ਼ਨ ਵੰਡ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਵਧੀ ਏ , ਜਿਸ ਨਾਲ ਜਨਤਾ ਨੂੰ ਰਾਹਤ ਮਿਲੀ ਏ ।

ਉਹਨਾਂ ਕਿਹਾ ਕਿ ਅਚਨਚੇਤ ਦੌਰੇ ਲਗਾਤਾਰ ਕੀਤੇ ਜਾ ਰਹੇ ਨੇ ਅਤੇ ਜੇਕਰ ਭਲਾਈ ਸਕੀਮਾਂ ਵਿੱਚ ਕੋਈ ਅਣਗਹਿਲੀ ਪਾਈ ਗਈ ਤਾਂ ਕਮਿਸ਼ਨ ਜ਼ਿੰਮੇਵਾਰ ਧਿਰਾਂ ਵਿਰੁੱਧ ਸਖ਼ਤ ਕਾਰਵਾਈ ਕਰੇਗਾ।ਨਿਰੀਖਣ ਦੌਰਾਨ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀ ਵੀ ਹਾਜ਼ਰ ਸਨ। ਉਧਰ ਕੀਮਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ ਦੁਆਰਾ ਵੀ ਫਰੀਦਕੋਟ ਜ਼ਿਲੇ ਵਿਚ ਵੀ ਨੈਸ਼ਨਲ ਫ਼ੂਡ ਸਕਿਓਰਟੀ ਐਕਟ - 2013 ਅਧੀਨ ਚੱਲ ਰਹੀਆਂ ਵੱਖ-ਵੱਖ ਸਕੀਮਾਂ ਦਾ ਨਿਰੀਖਣ ਕੀਤਾ ਗਿਆ

----------------------------------------------------

ਤਰਨਤਾਰਨ ਦੇ ਸਿਵਲ ਅਤੇ ਪੁਲਿਸ ਪ੍ਰਸ਼ਾਸ਼ਨ ਨੇ ਇੱਕ ਵੱਡੀ ਪੁਲਾਂਘ ਪੁੱਟਦਿਆਂ ' ਯੁੱਧ ਨਸ਼ਿਆਂ ਵਿਰੁੱਧ' ਕੈਬਨਿਟ ਸਬ- ਕਮੇਟੀ ਦੇ ਚੇਅਰਮੈਨ , ਐਡਵੋਕੇਟ ਹਰਪਾਲ ਸਿੰਘ ਚੀਮਾ ਨੂੰ ਭਰੋਸਾ ਦਿਵਾਇਆ ਏ ਕਿ ਇਹ ਜ਼ਿਲ੍ਹਾ ਪੰਜਾਬ ਦਾ ਪਹਿਲਾ ਨਸ਼ਾ ਮੁਕਤ ਜ਼ਿਲ੍ਹਾ ਬਣੇਗਾ। ਇਹ ਵਚਨਬੱਧਤਾ ਅੱਜ ਵਿੱਤ ਮੰਤਰੀ ਦੀ , ਜ਼ਿਲ੍ਹਾ ਤਰਨਤਾਰਨ ਦੇ ਲੋਕ ਨੁਮਾਇੰਦਿਆਂ ਦੀ ਹਾਜ਼ਰੀ ਵਿੱਚ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਨਾਲ ਕੀਤੀ ਮੀਟਿੰਗ ਦੌਰਾਨ ਪ੍ਰਗਟਾਈ ਗਈ। ਵਿੱਤ ਮੰਤਰੀ ਨੇ ਪੁਲਿਸ ਅਤੇ

ਸਿਵਲ ਪ੍ਰਸ਼ਾਸਨ ਨੂੰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਲੋਕਾਂ ਦੀ ਸਰਗਰਮ ਸ਼ਮੂਲੀਅਤ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

------------------------------------------------------------

ICC ਚੈਂਪੀਅਨਜ਼ ਟਰਾਫੀ ਦਾ ਦੂਜਾ ਸੈਮੀਫਾਈਨਲ, ਅੱਜ ਲਾਹੌਰ ਵਿੱਚ, ਦੱਖਣੀ ਅਫਰੀਕਾ ਅਤੇ ਨਿਊਜ਼ੀਲੈਂਡ ਦਰਮਿਆਨ ਖੇਡਿਆ ਜਾ ਰਿਹਾ ਏ। ਨਿਊਜ਼ੀਲੈਂਡ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ, ਦੱਖਣੀ ਅਫਰੀਕਾ ਸਾਹਮਣੇ ਜਿੱਤ ਲਈ 363 ਦੌੜਾਂ ਦਾ ਟੀਚਾ ਰੱਖਿਆ ਏ। ਦੱਖਣੀ ਅਫਰੀਕਾ ਦੀ ਟੀਮ ਜਲਦ ਹੀ ਆਪਣੀ ਪਾਰੀ ਖੇਡੇਗੀ। ਇਸ ਮੁਕਾਬਲੇ ਦੀ ਜੇਤੂ ਟੀਮ, ਐਤਵਾਰ ਨੂੰ ਫਾਈਨਲ ਵਿੱਚ, ਭਾਰਤ ਖਿਲਾਫ਼ ਮੈਦਾਨ ’ਚ ਉਤਰੇਗੀ।